27-Nov_Punjab-3-10-Jacket-2-2-Star.qxd 11/27/2025 10:27 PM Page 3

ਸ੍ਰੀ ਦਰਬਾਰ ਸਾਹਿਬ ਦੇ ਨਜ਼ਦੀਕ ਅਕਾਲੀ ਮਾਰਕੀਟ ਵਾਲੇ ਸਥਾਨ 'ਤੇ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਕੰਪਲੈਕਸ' ਦੀ ਉਸਾਰੀ ਦਾ ਟੱਪ ਲਗਾ ਕੇ ਰਸਮੀਂ ਸ਼ੁਰੂਆਤ ਕਰਦੇ ਹੋਏ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਜਥੇਦਾਰ ਕੁਲਦੀਪ ਸਿੰਘ ਗੜਗੱਜ, ਗਿਆਨੀ ਬਲਜੀਤ ਸਿੰਘ। ਨਾਲ ਕੁਲਵੰਤ ਸਿੰਘ ਮੰਨਣ, ਬੀਬੀ ਹਰਜਿੰਦਰ ਕੌਰ ਅਤੇ ਹੋਰ ਮੈਂਬਰ ਸਾਹਿਬਾਨ ਤੇ ਸ਼ਖ਼ਸੀਅਤਾਂ। ਤਸਵੀਰ: ਹਰਜੀਤ ਸਿੰਘ

ਸ਼ਹੀਦੀ ਸ਼ਤਾਬਦੀ ਦੀ ਯਾਦਗਾਰ ਵਜੋਂ ਅੰਮ੍ਰਿਤਸਰ 'ਚ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਕੰਪਲੈਕਸ' ਦੀ ਉਸਾਰੀ ਲਈ ਰੱਖਿਆ ਨੀਂਹ ਪੱਥਰ

ਸ਼੍ਰੋਮਣੀ ਕਮੇਟੀ ਦੀ ਨਵੀਂ ਅੰਤ੍ਰਿੰਗ ਕਮੇਟੀ ਦੀ ਪਲੇਠੀ ਇਕੱਤਰਤਾ

ਅੰਮ੍ਰਿਤਸਰ, 27 ਨਵੰਬਰ (ਜਸਵੰਤ ਸਿੰਘ ਜੱਸ)-ਸ਼੍ਰੋਮਣੀ ਕਮੇਟੀ ਦੀ ਨਵੀਂ ਅੰਤ੍ਰਿੰਗ ਕਮੇਟੀ ਦੀ ਅੱਜ ਇਥੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿਚ ਪਲੇਠੀ ਇਕੱਤਰਤਾ ਹੋਈ, ਜਿਸ ਦੌਰਾਨ ਸ਼੍ਰੋਮਣੀ ਕਮੇਟੀ, ਗੁਰਦੁਆਰਾ ਸਾਹਿਬਾਨ, ਟਰੱਸਟਾਂ ਅਤੇ ਵਿੱਦਿਅਕ ਅਦਾਰਿਆਂ ਦੇ ਮਾਮਲੇ ਵਿਚਾਰੇ ਗਏ। ਇਕੱਤਰਤਾ ਦੌਰਾਨ ਲਏ ਅਹਿਮ ਫ਼ੈਸਲੇ ਅਨੁਸਾਰ ਸ਼੍ਰੋਮਣੀ ਕਮੇਟੀ ਵਲੋਂ 350 ਸਾਲਾ ਸ਼ਹੀਦੀ ਸ਼ਤਾਬਦੀ ਦੀ ਸਦੀਵੀ ਯਾਦਗਾਰ ਵਜੋਂ ਸ੍ਰੀ ਦਰਬਾਰ ਸਾਹਿਬ ਦੇ ਨਜ਼ਦੀਕ ਅਕਾਲੀ ਮਾਰਕੀਟ ਦੇ ਸਥਾਨ 'ਤੇ 'ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਕੰਪਲੈਕਸ' ਦਾ ਅਰਦਾਸ ਉਪਰੰਤ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਜਥੇਦਾਰ ਕੁਲਦੀਪ ਸਿੰਘ ਗੜਗੱਜ, ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਗਿਆਨੀ ਬਲਜੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ ਵਿਚ ਟੱਪ ਲਗਾ ਕੇ ਰਸਮੀਂ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਧਾਮੀ ਨੇ ਕਿਹਾ ਕਿ 350 ਸਾਲਾ ਸ਼ਹੀਦੀ ਸ਼ਤਾਬਦੀ ਸ਼੍ਰੋਮਣੀ ਕਮੇਟੀ ਵਲੋਂ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕੌਮੀ ਪੱਧਰ 'ਤੇ ਮਨਾਈ ਜਾ ਰਹੀ ਹੈ ਅਤੇ ਇਸ ਸ਼ਤਾਬਦੀ ਦੀ ਯਾਦਗਾਰ ਵਜੋਂ ਨੌਵੇਂ ਗੁਰੂ ਸਾਹਿਬ ਦੇ ਨਾਂਅ 'ਤੇ ਇਹ ਵਿਸ਼ਾਲ ਬਹੁਮੰਜ਼ਿਲਾ ਕੰਪਲੈਕਸ ਸਥਾਪਿਤ ਕੀਤਾ ਜਾਵੇਗਾ। ਜਿਸ ਵਿਚ ਸੰਗਤਾਂ ਦੀ ਰਿਹਾਇਸ਼ ਲਈ ਇਕ ਹਜ਼ਾਰ ਤੋਂ ਵੱਧ ਕਮਰਿਆਂ ਦੇ ਨਾਲ 25 ਹਾਲ, ਵਿਸ਼ਾਲ ਪਾਰਕਿੰਗ ਅਤੇ ਮਾਰਕੀਟ ਬਣਾਈ ਜਾਵੇਗੀ ਤੇ ਗੁਰੂ ਸਾਹਿਬ ਨਾਲ ਸ਼ਹੀਦ ਹੋਣ ਵਾਲੇ ਭਾਈ ਮਤੀਦਾਸ, ਭਾਈ ਸਤੀਦਾਸ ਅਤੇ ਭਾਈ ਦਿਆਲਾ ਜੀ ਦੇ ਨਾਂਅ 'ਤੇ ਵੀ ਵੱਖ-ਵੱਖ ਬਲਾਕ ਬਣਾਏ ਜਾਣਗੇ। ਇਸ ਮੌਕੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵਲੋਂ ਨੌਵੇਂ ਗੁਰੂ ਸਾਹਿਬ ਦੇ ਨਾਂਅ 'ਤੇ ਸੰਗਤਾਂ ਲਈ ਇਕ ਹਜ਼ਾਰ ਕਮਰਿਆਂ ਵਾਲਾ ਕੰਪਲੈਕਸ ਤਿਆਰ ਕਰਨ ਦਾ ਫ਼ੈਸਲਾ ਸ਼ਲਾਘਾਯੋਗ ਹੈ ਤੇ ਇਹ ਯਾਦਗਾਰ ਸਦਾ ਸਿੱਖ ਸੰਗਤ ਨੂੰ ਗੁਰੂ ਸਾਹਿਬ ਦੀ ਸ਼ਹੀਦੀ ਸ਼ਤਾਬਦੀ ਦੇ ਇਤਿਹਾਸਕ ਮੌਕੇ ਨਾਲ ਜੋੜੀ ਰੱਖੇਗੀ। ਇਸ ਮੌਕੇ ਜਥੇਦਾਰ ਤੇ ਪ੍ਰਧਾਨ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ ਚੰਡੀਗੜ੍ਹ, ਸੁਰਜੀਤ ਸਿੰਘ ਗੜ੍ਹੀ, ਸੁਰਜੀਤ ਸਿੰਘ ਤੁਗਲਵਾਲ, ਗੁਰਪ੍ਰੀਤ ਸਿੰਘ ਝੱਬਰ, ਦਲਜੀਤ ਸਿੰਘ ਭਿੰਡਰ, ਬਲਦੇਵ ਸਿੰਘ ਕਾਇਮਪੁਰ, ਮੇਜਰ ਸਿੰਘ ਢਿੱਲੋਂ, ਮੰਗਵਿੰਦਰ ਸਿੰਘ ਖਾਪੜਖੇੜੀ, ਡਾ. ਜੰਗ ਬਹਾਦਰ ਸਿੰਘ ਰਾਏ ਤੇ ਮਾਸਟਰ ਮਿੱਠੂ ਸਿੰਘ ਕਾਹਨੇਕੇ, ਸ਼੍ਰੋਮਣੀ ਕਮੇਟੀ ਮੈਂਬਰ ਬਾਵਾ ਸਿੰਘ ਗੁਮਾਨਪੁਰਾ, ਸੁਰਜੀਤ ਸਿੰਘ ਭਿੱਟੇਵੱਡ, ਫੁੰਮਣ ਸਿੰਘ, ਨਵਤੇਜ ਸਿੰਘ ਕਾਉਣੀ, ਅਜੈਬ ਸਿੰਘ ਅਭਿਆਸੀ, ਗੁਰਨਾਮ ਸਿੰਘ ਜੱਸਲ, ਅਮਰੀਕ ਸਿੰਘ ਕੋਟਸ਼ਮੀਰ, ਬਾਬਾ ਬੂਟਾ ਸਿੰਘ, ਦਰਸ਼ਨ ਸਿੰਘ ਸ਼ੇਰਖਾਂ, ਜਥੇਦਾਰ ਕੌਰ ਸਿੰਘ, ਪ੍ਰੀਤਮ ਸਿੰਘ ਮਲਸੀਹਾਂ, ਬੀਬੀ ਜੋਗਿੰਦਰ ਕੌਰ, ਓ.ਐੱਸ.ਡੀ. ਸਤਬੀਰ ਸਿੰਘ ਧਾਮੀ, ਸਕੱਤਰ ਪ੍ਰਤਾਪ ਸਿੰਘ, ਸੁਖਮਿੰਦਰ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਹਰਭਜਨ ਸਿੰਘ ਵਕਤਾ, ਮੁੱਖ ਮੈਨੇਜਰ ਭਗਵੰਤ ਸਿੰਘ ਧੰਗੇੜਾ, ਐਡਵੋਕੇਟ ਅਮਨਬੀਰ ਸਿੰਘ ਸਿਆਲੀ ਸਮੇਤ ਹੋਰ ਸ਼ਖ਼ਸੀਅਤਾਂ ਤੇ ਸ਼੍ਰੋਮਣੀ ਕਮੇਟੀ ਅਧਿਕਾਰੀ ਹਾਜ਼ਰ ਸਨ।

ਪੰਜਾਬ ਦੇ ਸਕੂਲਾਂ 'ਚ 5.60 ਲੱਖ ਤੋਂ ਵੱਧ ਵਿਦਿਆਰਥੀ ਪੜ੍ਹਨਗੇ ਉੱਦਮਤਾ ਦਾ ਪਾਠ-ਹਰਜੋਤ ਸਿੰਘ ਬੈਂਸ

ਚੰਡੀਗੜ੍ਹ, 27 ਨਵੰਬਰ (ਅਜੀਤ ਬਿਊਰੋ)-ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੂਬੇ ਦੇ ਨੌਜਵਾਨਾਂ ਨੂੰ ਸਵੈ-ਰੋਜ਼ਗਾਰ ਵੱਲ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਇਕ ਮਿਸਾਲੀ ਪਹਿਲਕਦਮੀ ਤਹਿਤ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ 12ਵੀਂ ਜਮਾਤ ਲਈ ਉੱਦਮਤਾ (ਐਂਟਰਪ੍ਰੇਨਿਓਰਸ਼ਿਪ) ਪਾਠਕ੍ਰਮ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ ਹੈ। ਇਹ ਕੋਰਸ ਵਿਦਿਆਰਥੀਆਂ ਨੂੰ ਸਵੈ-ਨਿਰਭਰਤਾ ਅਤੇ ਨੌਕਰੀਆਂ ਸਿਰਜਣ ਵਾਸਤੇ ਉਤਸ਼ਾਹਿਤ ਕਰਨ ਲਈ ਤਿਆਰ ਕੀਤਾ ਗਿਆ ਹੈ। ਸ: ਬੈਂਸ ਨੇ ਅਕਾਦਮਿਕ ਸਾਲ 2022-23 ਵਿਚ 11ਵੀਂ ਜਮਾਤ ਲਈ ਸ਼ੁਰੂ ਕੀਤੇ ਗਏ ਬਿਜ਼ਨਸ ਬਲਾਸਟਰ ਪ੍ਰੋਗਰਾਮ ਦੀ ਸਫ਼ਲਤਾ ਵਾਸਤੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਬੋਰਡ ਨੇ 3,692 ਸੀਨੀਅਰ ਸੈਕੰਡਰੀ ਸਕੂਲਾਂ ਵਿਚ ਉੱਦਮਤਾ ਨੂੰ ਇਕ ਲਾਜ਼ਮੀ ਵਿਸ਼ੇ ਵਜੋਂ ਲਾਗੂ ਕਰਕੇ ਸਿੱਖਿਆ ਪ੍ਰਤੀ ਪ੍ਰਤੀਬੱਧਤਾ ਦਾ ਪ੍ਰਗਟਾਵਾ ਕੀਤਾ ਹੈ। ਇਸ ਤੋਂ ਇਲਾਵਾ 104 ਸਿਖਲਾਈ ਪ੍ਰੋਗਰਾਮਾਂ ਰਾਹੀਂ 10,382 ਅਧਿਆਪਕਾਂ ਅਤੇ 231 ਮਾਸਟਰ ਟ੍ਰੇਨਰਾਂ ਨੂੰ ਉੱਦਮਤਾ ਪੜ੍ਹਾਉਣ ਦੇ ਗੁਣਾਂ ਨਾਲ ਲੈਸ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਬੋਰਡ ਵਲੋਂ 12ਵੀਂ ਜਮਾਤ ਦੇ ਪਾਠਕ੍ਰਮ ਅਤੇ ਪਾਠ-ਪੁਸਤਕਾਂ ਸਮੇਂ ਤੋਂ ਪਹਿਲਾਂ ਤਿਆਰ ਕੀਤੀਆਂ ਜਾ ਚੁੱਕੀਆਂ ਹਨ, ਜਿਸ ਨਾਲ ਅਕਾਦਮਿਕ ਵਰ੍ਹੇ ਸਾਲ 2026-27 ਵਿਚ ਤਕਰੀਬਨ 5.60 ਲੱਖ ਵਿਦਿਆਰਥੀ ਨਿਰਵਿਘਨ ਉੱਦਮਤਾ ਵਿਸ਼ੇ 'ਚ ਪੜ੍ਹਾਈ ਕਰ ਸਕਣਗੇ।

ਦਿੱਲੀ ਵਿਖੇ ਸ਼ਤਾਬਦੀ ਸਮਾਗਮਾਂ 'ਚ ਸ਼ਾਮਿਲ ਹੋਣ ਸਮੇਂ ਡਾ. ਵਿਜੇ ਸਤਬੀਰ ਸਿੰਘ ਤੇ ਹੋਰ। ਅਜੀਤ ਤਸਵੀਰ

ਡਾ. ਵਿਜੇ ਸਤਬੀਰ ਸਿੰਘ ਦਿੱਲੀ ਸ਼ਤਾਬਦੀ ਸਮਾਗਮਾਂ 'ਚ ਹੋਏ ਸ਼ਾਮਿਲ

ਬਟਾਲਾ, 27 ਨਵੰਬਰ (ਸਤਿੰਦਰ ਸਿੰਘ)-ਗੁਰਦੁਆਰਾ ਬੋਰਡ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈ.ਏ.ਐੱਸ. ਨੇ ਕੇਂਦਰ ਸਰਕਾਰ, ਦਿੱਲੀ ਸਰਕਾਰ ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਾਂਝੇ ਤੌਰ 'ਤੇ ਦਿੱਲੀ ਦੇ ਲਾਲ ਕਿਲ੍ਹਾ ਵਿਚ ਕਰਵਾਏ ਗਏ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਵਿਚ ਹਾਜ਼ਰੀ ਭਰੀ। ਇਸ ਮੌਕੇ ਡਾ. ਵਿਜੇ ਸਤਬੀਰ ਸਿੰਘ ਨੇ ਕਿਹਾ ਕਿ ਸਿੱਖ ਧਰਮ ਸੰਸਾਰ ਦਾ ਸਭ ਤੋਂ ਵਿਲੱਖਣ ਤੇ ਸਰਬ ਸਾਂਝਾ ਧਰਮ ਹੈ, ਜੋ ਸੰਸਾਰ ਦੇ ਲੋਕਾਂ ਨੂੰ ਆਪਸੀ ਭਾਈਚਾਰਾ, ਸਦਭਾਵਨਾ, ਸਾਂਝੀਵਾਲਤਾ ਤੇ ਮਨੁੱਖੀ ਹੱਕਾਂ ਲਈ ਅੱਗੇ ਆਉਣ ਵਰਗੇ ਗੁਣਾਂ ਰਾਹੀਂ ਇਕ ਨਿਵੇਕਲਾ ਰਾਹ ਦਿਖਾਉਂਦਾ ਹੈ। ਇਸ ਮੌਕੇ ਡਾ. ਵਿਜੇ ਸਤਬੀਰ ਸਿੰਘ ਦੇ ਨਾਲ ਜਸਵੰਤ ਸਿੰਘ ਬੌਬੀ ਦਿੱਲੀ, ਸੁਖਵਿੰਦਰ ਸਿੰਘ ਝੱਬਰ ਮੈਂਬਰ ਦਿੱਲੀ ਕਮੇਟੀ, ਹਰਮੀਤ ਸਿੰਘ ਉਬਰਾਏ ਮੈਂਬਰ ਯੂਥ ਅਕਾਲੀ ਦਲ ਦਿੱਲੀ, ਬਲਜਿੰਦਰ ਸਿੰਘ ਮੋਨੂ ਚੇਅਰਮੈਨ ਗੁਰਦੁਆਰਾ ਮਾਤਾ ਸੁੰਦਰੀ ਜੀ ਆਦਿ ਵੀ ਹਾਜ਼ਰ ਸਨ।

ਮੁੰਬਈ ਵਿਖੇ ਗੁਰਮਤਿ ਸਮਾਗਮ 'ਚ ਕੀਰਤਨ ਕਰਦੇ ਹੋਏ ਬੱਚੇ।

ਗੁਰਮਤਿ ਸਮਾਗਮ 'ਚ 350 ਬੱਚਿਆਂ ਨੇ 'ਸਲੋਕ ਮਹਲਾ 9' ਦਾ ਕੀਰਤਨ ਕਰ ਕੇ ਬਣਾਇਆ ਰਿਕਾਰਡ

ਮੁੰਬਈ, 27 ਨਵੰਬਰ (ਅਜੀਤ ਬਿਊਰੋ)-ਮੁੰਬਈ ਵਿਖੇ ਤਿੰਨ ਦਿਨਾਂ ਗੁਰਮਤਿ ਸਮਾਗਮ ਦੇ ਆਖ਼ਰੀ ਦਿਨ 350 ਬੱਚਿਆਂ ਵਲੋਂ 'ਸਲੋਕ ਮਹਲਾ 9' ਦਾ ਸਮੂਹਿਕ ਤੌਰ 'ਤੇ ਕੀਰਤਨ ਕੀਤਾ ਗਿਆ। ਜੋ ਕਿ ਭਾਗੀਦਾਰਾਂ ਦੀ ਗਿਣਤੀ ਦਾ ਰਾਸ਼ਟਰੀ ਤੇ ਅੰਤਰਰਾਸ਼ਟਰੀ ਰਿਕਾਰਡ ਹੈ। ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਇਹ ਗੁਰਮਤਿ ਸਮਾਗਮ ਮਹਾਰਾਸ਼ਟਰ ਸਿੱਖ ਐਸੋਸੀਏਸ਼ਨ, ਗੁਰੂ ਨਾਨਕ ਵਿੱਦਿਅਕ ਸੰਸਥਾ, ਗੁਰਦੁਆਰਾ ਗੁਰੂ ਤੇਗ਼ ਬਹਾਦਰ ਦਰਬਾਰ ਰਾਓਲੀ ਕੈਂਪ, ਮੁੰਬਈ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸੇਵਕ ਜੱਥਾ ਟਰੱਸਟ ਵਲੋਂ ਨਵੀਂ ਮੁੰਬਈ ਗੁਰਦੁਆਰਿਆਂ ਦੀ ਸੁਪਰੀਮ ਕੌਂਸਲ ਗੁਰਦੁਆਰਾ ਸ੍ਰੀ ਦਸਮੇਸ਼ ਦਰਬਾਰ, ਗੁਰਦੁਆਰਾ ਪੰਚਾਇਤੀ, ਗੁਰਦੁਆਰਾ ਭਾਈ ਜੋਗਾ ਸਿੰਘ, ਗੁਰਦੁਆਰਾ ਸਿੰਘ ਸਭਾ, ਗੁਰਦੁਆਰਾ ਕਰਤਾ ਪੁਰਖ, ਗੁਰਦੁਆਰਾ ਗੁਰਸੰਗਤ ਦਰਬਾਰ ਤੇ ਸਾਰੇ ਮੁੰਬਈ ਅਤੇ ਨਵੀਂ ਮੁੰਬਈ ਦੇ ਸੇਵਕ ਜੱਥਿਆਂ ਤੇ ਸੰਗਤ ਦੇ ਸਹਿਯੋਗ ਨਾਲ 23 ਤੋਂ 25 ਨਵੰਬਰ ਤੱਕ ਕਰਵਾਇਆ ਗਿਆ ਸੀ। ਜਿਸ 'ਚ ਸੰਗਤ ਨੇ ਭਰਵੀਂ ਹਾਜ਼ਰੀ ਲਵਾਈ। ਸਮਾਗਮ ਦੇ ਅੰਤਿਮ ਦਿਨ ਰਹਿਰਾਸ ਸਾਹਿਬ ਦਾ ਪਾਠ ਕੀਤਾ ਗਿਆ ਤੇ ਦੇਸ਼ ਭਰ ਤੋਂ ਪਹੁੰਚੇ ਪ੍ਰਸਿੱਧ ਰਾਗੀ ਜੱਥਿਆਂ ਵਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਵੱਖ-ਵੱਖ ਮੁਕਾਬਲਿਆਂ 'ਚ ਜੇਤੂ ਰਹੇ ਭਾਗੀਦਾਰਾਂ ਦਾ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਵਲੋਂ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਮਹਾਰਾਸ਼ਟਰ ਸਿੱਖ ਐਸੋਸੀਏਸ਼ਨ ਦੇ ਕਨਵੀਨਰ ਅਤੇ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਕਾਰਜਕਾਰੀ ਚੇਅਰਮੈਨ ਬਲ ਮਲਕੀਤ ਸਿੰਘ ਨੇ ਕਿਹਾ ਕਿ ਇਹ ਜ਼ਰੂਰੀ ਹੈ ਕਿ ਗੁਰੂ ਸਾਹਿਬ ਦਾ ਇਤਿਹਾਸ ਤੇ ਉਨ੍ਹਾਂ ਦਾ ਮਹਾਨ ਸੰਦੇਸ਼ ਸਾਡੀ ਨੌਜਵਾਨ ਪੀੜ੍ਹੀ ਤੇ ਹਰ ਭਾਰਤੀ ਪਰਿਵਾਰ ਤੱਕ ਪਹੁੰਚੇ। ਇਹ ਗੁਰਮਤਿ ਸਮਾਗਮ ਉਸ ਦਿਸ਼ਾ 'ਚ ਇਕ ਮਹੱਤਵਪੂਰਨ ਕਦਮ ਹੈ।

ਪ੍ਰੋ. ਚੌਧਰੀ ਬਣੇ ਬਾਬਾ ਗੁਰੂ ਨਾਨਕ ਯੂਨੀਵਰਸਿਟੀ ਨਨਕਾਣਾ ਸਾਹਿਬ ਦੇ ਤੀਜੇ ਉਪ ਕੁਲਪਤੀ

ਅੰਮ੍ਰਿਤਸਰ, 27 ਨਵੰਬਰ (ਸੁਰਿੰਦਰ ਕੋਛੜ)-ਪਾਕਿਸਤਾਨ ਦੇ ਜ਼ਿਲ੍ਹਾ ਸ੍ਰੀ ਨਨਕਾਣਾ ਸਾਹਿਬ ਦੇ ਆਦਮਪੁਰਾ ਵਿਖੇ ਲਗਭਗ 107 ਏਕੜ ਭੂਮੀ 'ਤੇ ਉਸਾਰੀ ਗਈ ਬਾਬਾ ਗੁਰੂ ਨਾਨਕ ਯੂਨੀਵਰਸਿਟੀ (ਬੀ. ਜੀ. ਐੱਨ. ਯੂ.) ਦਾ ਪ੍ਰੋ. ਮੁਹੰਮਦ ਓਮਰ ਚੌਧਰੀ ਨੂੰ ਤੀਜਾ ਉਪ ਕੁਲਪਤੀ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਨੇ ਰਸਮੀ ਤੌਰ 'ਤੇ ਉਪ ਕੁਲਪਤੀ ਦਾ ਵਾਧੂ ਚਾਰਜ ਸੰਭਾਲ ਲਿਆ ਹੈ। ਪ੍ਰੋ. ਚੌਧਰੀ ਗੌਰਮਿੰਟ ਕਾਲਜ ਯੂਨੀਵਰਸਿਟੀ (ਜੀ. ਸੀ. ਯੂ.) ਲਾਹੌਰ ਦੇ ਕੁਲਪਤੀ ਵਜੋਂ ਵੀ ਸੇਵਾ ਨਿਭਾਉਣਗੇ। ਸ੍ਰੀ ਨਨਕਾਣਾ ਸਾਹਿਬ ਵਿਖੇ ਪਹੁੰਚਣ 'ਤੇ ਉਪ ਕੁਲਪਤੀ ਦਾ ਰਜਿਸਟਰਾਰ ਮੁਬਾਸ਼ਰ ਤਾਰਿਕ ਨੇ ਰਸਮੀ ਤੌਰ 'ਤੇ ਸਵਾਗਤ ਕੀਤਾ। ਪ੍ਰੋ. ਚੌਧਰੀ ਤੋਂ ਪਹਿਲਾਂ ਡਾ: ਮੁਹੰਮਦ ਅਫ਼ਜ਼ਲ ਅਤੇ ਪ੍ਰੋ. ਡਾ: ਸੱਯਾਦ ਮੁਬੀਨ ਬਾਬਾ ਗੁਰੂ ਨਾਨਕ ਯੂਨੀਵਰਸਿਟੀ ਦੇ ਉਪ ਕੁਲਪਤੀ ਵਜੋਂ ਸੇਵਾਵਾਂ ਦੇ ਚੁਕੇ ਹਨ।

ਪ੍ਰੋ. ਮੁਹੰਮਦ ਓਮਰ ਚੌਧਰੀ

ਹਮਲੇ ਵਾਲੀ ਜਗ੍ਹਾ ਤੋਂ ਉੱਠ ਰਹੇ ਧੂੰਏਂ ਦੀ ਤਸਵੀਰ। ਤਸਵੀਰ ਰਾਹੀਂ : ਸੁਰਿੰਦਰ ਕੋਛੜ

ਪਾਕਿ 'ਚ ਫ਼ੌਜ ਸਮਰਥਿਤ ਅੱਤਵਾਦੀ ਸਮੂਹ ਦੇ ਟਿਕਾਣਿਆਂ 'ਤੇ ਡਰੋਨ ਹਮਲੇ

ਆਈ.ਐਸ.ਆਈ. ਐਸ. ਦੇ ਤਿੰਨ ਕਮਾਂਡਰਾਂ ਦੀ ਮੌਤ

ਅੰਮ੍ਰਿਤਸਰ, 27 ਨਵੰਬਰ (ਸੁਰਿੰਦਰ ਕੋਛੜ)-ਅਫ਼ਗਾਨਿਸਤਾਨ 'ਚ ਕਥਿਤ ਤੌਰ 'ਤੇ ਰਿਹਾਇਸ਼ੀ ਇਲਾਕਿਆਂ ਨੂੰ ਟੀ. ਟੀ. ਪੀ. (ਤਹਿਰੀਕ-ਏ-ਤਾਲਿਬਾਨ ਪਾਕਿਸਤਾਨ) ਦੇ ਟਿਕਾਣੇ ਦੱਸੇ ਕੇ ਉਨ੍ਹਾਂ 'ਤੇ ਡਰੋਨ ਅਤੇ ਲੜਾਕੂ ਜਹਾਜ਼ਾਂ ਨਾਲ ਹਮਲਾ ਕਰਨ ਵਾਲੇ ਪਾਕਿ ਨੂੰ ਹੁਣ ਅਫ਼ਗਾਨਿਸਤਾਨ ਤੋਂ ਢੁਕਵਾਂ ਜਵਾਬ ਮਿਲਿਆ ਹੈ। ਟੀ. ਟੀ. ਪੀ. ਨਾਲ ਜੁੜੇ ਮੀਡੀਆ ਆਊਟਲੈੱਟ ਅਨੁਸਾਰ ਬੀਤੇ ਦਿਨ ਸ਼ਾਮ 6:30 ਵਜੇ ਦੇ ਕਰੀਬ ਪਾਕਿ ਦੇ ਖ਼ੈਬਰ ਪਖਤੂਨਖਵਾ ਸੂਬੇ ਦੇ ਖ਼ੈਬਰ ਜ਼ਿਲ੍ਹੇ ਦੇ ਜਥ੍ਰਾ ਮੇਲੇ 'ਚ ਦੋ ਅਣਪਛਾਤੇ ਡਰੋਨਾਂ ਨੇ ਪਾਕਿਸਤਾਨੀ ਫੌਜ ਸਮਰਥਿਤ ਆਈ. ਐੱਸ. ਆਈ. ਐੱਸ. (ਇਸਲਾਮਿਕ ਸਟੇਟ ਆਫ਼ ਇਰਾਕ ਐਂਡ ਸੀਰੀਆ) ਦੇ ਦੋ ਟਿਕਾਣਿਆਂ 'ਤੇ ਹਮਲਾ ਕੀਤਾ। ਉਨ੍ਹਾਂ ਨੇ ਦੱਸਿਆ ਕਿ ਕਈ ਆਈ. ਐੱਸ. ਆਈ. ਐੱਸ. ਅੱਤਵਾਦੀ ਕਮਾਂਡਰ ਲੁਕਣਗਾਹ 'ਤੇ ਮੌਜੂਦ ਸਨ, ਜਿਨ੍ਹਾਂ 'ਚ ਅਬਦੁਲ ਹਕੀਮ ਤੌਹਿਦੀ, ਗੁਲ ਨਾਜ਼ਿਮ ਅਤੇ ਸਾਦਿਕ ਯਾਰ ਸ਼ਾਮਿਲ ਸਨ। ਦੱਸਿਆ ਜਾ ਰਿਹਾ ਹੈ ਕਿ ਮਾਰੇ ਗਏ ਅੱਤਵਾਦੀ ਖ਼ੈਬਰ ਅਤੇ ਓਰਕਜ਼ਈ ਖੇਤਰਾਂ ਦੇ ਵਸਨੀਕ ਅਤੇ ਅੱਤਵਾਦੀ ਅਬਦੁਲ ਮਲਿਕ ਦੇ ਕਰੀਬੀ ਸਾਥੀ ਸਨ।

ਕੇਂਦਰ ਵਲੋਂ ਐਲਾਨੇ 1600 ਕਰੋੜ 'ਚੋਂ ਪੰਜਾਬ ਨੂੰ ਇਕ ਪੈਸਾ ਨਹੀਂ ਮਿਲਿਆ-ਸੌਂਦ

ਜਲੰਧਰ, 27 ਨਵੰ